# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

## 13:10

**ਮਿਤੀ :07-07-2026**

ਭਾਰਤੀ ਚੋਣ ਕਮਿਸ਼ਨ ਦੇ ਡਿਪਟੀ ਚੋਣ ਕਮਿਸ਼ਨਰ ਭਾਨੂ ਪ੍ਰਕਾਸ਼ ਯੇਤੂਰੂ ਅਤੇ ਪੰਜਾਬ ਦੇ ਮੁੱਖ ਚੋਣ ਅਧਿਕਾਰੀ ਅਨਿੰਦਿਤਾ ਮਿੱਤਰਾ ਨੇ ਵੋਟਰ ਸੂਚੀਆਂ ਦੀ ਵਿਸ਼ੇਸ਼ ਤੀਬਰ ਸੋਧ -SIR 2026 ਤਹਿਤ ਘਰ-ਘਰ ਜਾ ਕੇ ਗਣਨਾ ਫਾਰਮਾਂ ਦੀ ਵੰਡ ਅਤੇ ਵਾਪਸ ਪ੍ਰਾਪਤੀ ਪ੍ਰੀਕਿਰਿਆ ਦੀ ਸਮੀਖਿਆ ਕਰਨ ਲਈ ਕੱਲ ਮੋਹਾਲੀ ਵਿੱਚ ਇੱਕ ਮੀਟਿੰਗ ਕੀਤੀ। ਇਸ ਮੀਟਿੰਗ ਵਿਚ ਬਠਿੰਡਾ, ਫਤਿਹਗੜ੍ਹ ਸਾਹਿਬ, ਮਾਨਸਾ, ਪਟਿਆਲਾ, ਰੂਪਨਗਰ, ਸਾਹਿਬਜ਼ਾਦਾ ਅਜੀਤ ਸਿੰਘ ਨਗਰ, ਬਰਨਾਲਾ ਅਤੇ ਸੰਗਰੂਰ ਦੇ ਜ਼ਿਲ੍ਹਾ ਚੋਣ ਅਧਿਕਾਰੀਆਂ ਨੇ ਹਿੱਸਾ ਲਿਆ। ਪੰਜਾਬ ਭਰ ਵਿਚ 25 ਜੂਨ ਨੂੰ ਸ਼ੁਰੂ ਹੋਈ SIR ਦੀ ਇਹ ਪ੍ਰਕਿਰਿਆ , 24 ਜੁਲਾਈ ਤੱਕ ਜਾਰੀ ਰਹੇਗੀ ।

---

ਪੰਜਾਬ ਦੇ ਜੰਗਲਾਤ ਅਤੇ ਜੰਗਲੀ ਜੀਵ ਸੁਰੱਖਿਆ ਮੰਤਰੀ ਲਾਲ ਚੰਦ

ਕਟਾਰੂਚੱਕ ਨੇ ਜੰਗਲਾਤ ਵਰਕਰ ਜਥੇਬੰਦੀ ਪੰਜਾਬ, ਡੈਮੋਕ੍ਰੇਟਿਕ ਜੰਗਲਾਤ ਮੁਲਾਜ਼ਮ ਜਥੇਬੰਦੀ ਅਤੇ ਪੰਜਾਬ ਰਾਜ ਵਣ ਵਿਭਾਗ ਵਰਕਰ ਜਥੇਬੰਦੀ ਦੇ ਅਹੁਦੇਦਾਰਾਂ ਨਾਲ ਉਨ੍ਹਾਂ ਦੇ ਸੇਵਾ-ਸਬੰਧੀ ਮੁੱਦਿਆਂ ਅਤੇ ਮੰਗਾਂ ਦਾ ਜਾਇਜ਼ਾ ਲੈਣ ਲਈ ਵਿਚਾਰ-ਚਰਚਾ ਕੀਤੀ। ਕੱਲ ਚੰਡੀਗੜ੍ਹ ਵਿਖੇ ਜਥੇਬੰਦੀ ਯੂਨੀਅਨ ਦੇ ਨੁਮਾਇੰਦਿਆਂ ਵੱਲੋਂ ਚੁੱਕੇ ਮੁੱਦਿਆਂ ਨੂੰ ਸੁਣਦਿਆਂ ਮੰਤਰੀ ਨੇ ਉਨ੍ਹਾਂ ਨੂੰ ਸਰਕਾਰੀ ਨੀਤੀਆਂ ਦੇ ਦਾਇਰੇ ਵਿੱਚ ਉਨ੍ਹਾਂ ਦੀਆਂ ਜਾਇਜ਼ ਮੰਗਾਂ ਨੂੰ ਹਮਦਰਦੀ ਅਤੇ ਸੁਹਿਰਦਤਾ ਨਾਲ ਵਿਚਾਰਨ ਦਾ ਭਰੋਸਾ ਦਿੱਤਾ। ਸ੍ਰੀ ਕਟਾਰੂਚੱਕ ਨੇ ਸਪੱਸ਼ਟ ਤੌਰ ’ਤੇ ਕਿਹਾ ਕਿ ਜੰਗਲਾਤ ਅਤੇ ਜੰਗਲੀ ਜੀਵ ਵਿਭਾਗ ਵਿੱਚ ਮੌਜੂਦਾ ਸਮੇਂ ਸੇਵਾ ਦੌਰਾਨ ਸੇਵਾ ਨਿਭਾ ਰਹੇ ਕਿਸੇ ਵੀ ਕਰਮਚਾਰੀ ਨੂੰ ਹਟਾਇਆ ਨਹੀਂ ਜਾਵੇਗਾ। ਮੰਤਰੀ ਨੇ ਵਿਭਾਗ ਦੇ ਸੀਨੀਅਰ ਅਧਿਕਾਰੀਆਂ ਨੂੰ ਜਥੇਬੰਦੀਆਂ ਨਾਲ ਨਿਯਮਿਤ ਤਾਲਮੇਲ ਬਣਾਈ ਰੱਖਣ ਅਤੇ ਬਕਾਇਆ ਮਾਮਲਿਆਂ ਦੇ ਸਮਾਂਬੱਧ ਹੱਲ ਲਈ ਤੇਜ਼ੀ ਨਾਲ ਕੰਮ ਕਰਨ ਦੇ ਨਿਰਦੇਸ਼ ਦਿੱਤੇ।

---------------------------------------------------------------

ਪੰਜਾਬ ਦੇ ਰੱਖਿਆ ਸੇਵਾਵਾਂ ਭਲਾਈ ਮੰਤਰੀ ਮੋਹਿੰਦਰ ਭਗਤ ਨੇ ਕੱਲ ਜਲੰਧਰ ਦੇ ਨਿਊ ਮਾਡਲ ਹਾਊਸ ਵਿਖੇ ਲੋਕ ਮਿਲਣੀ ਪ੍ਰੋਗਰਾਮ ਦੌਰਾਨ ਇਲਾਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਦੀ ਸੁਣਵਾਈ ਕਰਦਿਆਂ ਉਨ੍ਹਾਂ ਦਾ

ਮੌਕੇ ’ਤੇ ਨਿਪਟਾਰਾ ਕੀਤਾ। ਇਸ ਮੌਕੇ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਨੇ ਕਿਹਾ ਕਿ ਸਰਕਾਰ ਵਲੋਂ ਲੋਕਾਂ ਨੂੰ ਦਰਪੇਸ਼ ਸਮੱਸਿਆਵਾਂ ਦਾ ਮੌਕੇ ’ਤੇ ਹੀ ਹੱਲ ਕਰਨ ਲਈ ‘ਲੋਕ ਮਿਲਣੀ’ ਪ੍ਰੋਗਰਾਮਾਂ ਦੀ ਨਿਵੇਕਲੀ ਪਹਿਲ ਕੀਤੀ ਗਈ ਏ , ਜਿਸ ਨੂੰ ਸੂਬਾ ਵਾਸੀਆਂ ਵਲੋਂ ਭਰਵਾਂ ਹੁੰਗਾਰਾ ਦਿੱਤਾ ਜਾ ਰਿਹਾ ਏ । ਉਨ੍ਹਾਂ ਕਿਹਾ ਕਿ ਮੌਜੂਦਾ ਸਰਕਾਰ ਲੋਕਾਂ ਦੀਆਂ ਮੁਸ਼ਕਲਾਂ ਦਾ ਨਿਬੇੜਾ ਕਰਕੇ ਉਨ੍ਹਾਂ ਨੂੰ ਰਾਹਤ ਪਹੁੰਚਾਉਣ ਲਈ ਵਚਨਬੱਧ ਏ । ਉਨ੍ਹਾਂ ਕਿਹਾ ਕਿ ਸੂਬਾ  ਸਰਕਾਰ ਵੱਲੋਂ ਲੋਕ ਭਲਾਈ ਸਕੀਮਾਂ ਨੂੰ ਜ਼ਮੀਨੀ ਪੱਧਰ ’ਤੇ ਪ੍ਰਭਾਵਸ਼ਾਲੀ ਢੰਗ ਨਾਲ ਲਾਗੂ ਕੀਤਾ ਗਿਆ ਏ  ਤਾਂ ਜੋ ਹਰੇਕ ਯੋਗ ਵਿਅਕਤੀ ਨੂੰ ਸਕੀਮਾਂ ਦਾ ਲਾਭ ਮਿਲ ਸਕੇ।

-----------------------------------------------------------

ਪੰਜਾਬ ਦੇ ਸਿਹਤ ਮੰਤਰੀ ਡਾ. ਬਲਬੀਰ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਪੰਜਾਬ ਦੇ ਯੋਗ ਮਰੀਜ਼ਾਂ ਨੂੰ ਸਰਕਾਰੀ ਅਤੇ ਸੂਚੀਬੱਧ ਨਿੱਜੀ ਹਸਪਤਾਲਾਂ ਵਿੱਚ ਆਧੁਨਿਕ ਈ.ਐਨ.ਟੀ ਸਰਜਰੀ ਮੁਫ਼ਤ ਮੁਹੱਈਆ ਕਰਵਾਈ ਜਾ ਰਹੀ ਏ। ਸੂਬਾ ਸਿਹਤ ਏਜੰਸੀ ਦੇ ਅੰਕੜਿਆਂ ਅਨੁਸਾਰ ਹੁਣ ਤੱਕ ਲਗਭਗ 2 ਹਜ਼ਾਰ 30 ਮਰੀਜ਼ਾਂ ਦੀਆਂ  ਸਰਜਰੀਆਂ ਕੀਤੀਆਂ ਜਾ ਚੁੱਕੀਆਂ ਨੇ । ਕੰਨ, ਨੱਕ ਅਤੇ ਗਲੇ ਯਾਨੀ ENT ਬਿਮਾਰੀਆਂ ਦੇ ਮਾਹਿਰਾਂ ਦਾ ਕਹਿਣਾ ਏ ਕਿ ਈ.ਐਨ.ਟੀ.

ਸਬੰਧੀ ਬੀਮਾਰੀਆਂ ਹਰ ਉਮਰ ਦੇ ਲੋਕਾਂ ਨੂੰ ਪ੍ਰਭਾਵਿਤ ਕਰਦੀਆਂ ਨੇ। ਇਨ੍ਹਾਂ ਵਿੱਚ ਲੰਬੇ ਸਮੇਂ ਤੱਕ ਰਹਿਣ ਵਾਲੇ ਇਨਫੈਕਸ਼ਨ, ਸੁਣਨ ਦੀ ਸਮਰੱਥਾ ਵਿੱਚ ਕਮੀ, ਸਾਇਨਸ ਦੀ ਬੀਮਾਰੀ ਤੋਂ ਲੈ ਕੇ ਮੂੰਹ ਅਤੇ ਜੀਭ ਦਾ ਕੈਂਸਰ ਸ਼ਾਮਲ ਨੇ। ਇਨ੍ਹਾਂ ਵਿੱਚੋਂ ਬਹੁਤੀਆਂ ਬੀਮਾਰੀਆਂ ਦਾ ਪ੍ਰਭਾਵਸ਼ਾਲੀ ਇਲਾਜ ਸੰਭਵ ਏ ਪਰ ਡਾਕਟਰਾਂ ਦਾ ਮੰਨਣਾ ਏ ਕਿ ਸਮੇਂ ਸਿਰ ਬੀਮਾਰੀ ਦੀ ਪਛਾਣ ਹੋਣ ਨਾਲ ਸਥਾਈ ਨੁਕਸਾਨ ਤੋਂ ਬਚਿਆ ਜਾ ਸਕਦਾ ਏ ਅਤੇ ਮਰੀਜ਼ ਦੇ ਠੀਕ ਹੋਣ ਦੀ ਸੰਭਾਵਨਾ ਵੀ ਕਾਫ਼ੀ ਵੱਧ ਜਾਂਦੀ ਏ। ਰੋਪੜ ਤੋਂ ਈਐਨਟੀ ਮਾਹਿਰ ਡਾ. ਨਿਧੀ ਗੁਪਤਾ ਨੇ ਕਿਹਾ ਕਿ ਲੋਕ ਅਕਸਰ ਕੰਨ ਵਿੱਚੋਂ ਲਗਾਤਾਰ ਪਾਣੀ ਵਹਿਣ, ਸੁਣਨ ਦੀ ਸਮਰੱਥਾ ਘਟਣ, ਨੱਕ ਬੰਦ ਰਹਿਣ ਜਾਂ ਮੂੰਹ ਦੇ ਛਾਲਿਆਂ ਵਰਗੀਆਂ ਸਮੱਸਿਆਵਾਂ ਨੂੰ ਸ਼ੁਰੂਆਤੀ ਦੌਰ ਵਿੱਚ ਦਰਦ ਨਾ ਹੋਣ ਕਰਕੇ ਨਜ਼ਰਅੰਦਾਜ਼ ਕਰ ਦਿੰਦੇ ਹਨ। ਪਰ ਇਲਾਜ ਵਿੱਚ ਦੇਰੀ ਕਾਰਨ ਸਥਾਈ ਰੂਪ ਵਿੱਚ ਬਹਿਰਾਪਣ, ਕਰੋਨਿਕ ਸਾਇਨਸ ਜਾਂ ਗੰਭੀਰ ਮੂੰਹ ਦਾ ਕੈਂਸਰ ਹੋ ਸਕਦਾ ਏ।

'ਦ ਲੈਂਸੇਟ' ਵਿੱਚ ਪ੍ਰਕਾਸ਼ਿਤ ਖੋਜ ਮੁਤਾਬਿਕ ਸਿਰ ਅਤੇ ਗਰਦਨ ਦੇ ਕੈਂਸਰ ਦੀ ਸਮੇਂ ਸਿਰ ਪਛਾਣ ਨਾ ਹੋਣ ਕਾਰਨ ਬੀਮਾਰੀ ਗੰਭੀਰ ਸਥਿਤੀ ਵਿੱਚ ਪਹੁੰਚ ਜਾਂਦੀ ਏ। ਇਸ ਲਈ ਲੰਬੇ ਸਮੇਂ ਤੱਕ ਰਹਿਣ ਵਾਲੇ ਲੱਛਣਾਂ ਦੀ ਸਮੇਂ ਸਿਰ ਜਾਂਚ ਕਰਵਾਉਣਾ ਬਹੁਤ ਜ਼ਰੂਰੀ ਏ।

-------------------------------------------------

ਡਾ. ਬੀ.ਆਰ. ਅੰਬੇਡਕਰ ਨੈਸ਼ਨਲ ਇੰਸਟੀਚਿਊਟ ਆਫ਼ ਟੈਕਨਾਲੋਜੀ-NIT ਜਲੰਧਰ ਵਿੱਚ ਬੀਤੇ ਦਿਨੀ "ਮੈਡੀਕਲ ਇੰਪਲਾਂਟਸ ਲਈ ਨੈਕਸਟ -ਜਨਰੇਸ਼ਨ ਨੈਨੋ-ਫਿਨਿਸ਼ਿੰਗ: ਲੈਬ ਤੋਂ ਇੰਡਸਟਰੀ ਤੱਕ" ਵਿਸ਼ੇ 'ਤੇ ਦੋ ਦਿਨਾਂ ਅੰਤਰ-ਰਾਸ਼ਟਰੀ ਵਰਕਸ਼ਾਪ ਕਰਵਾਈ ਗਈ। ਸੰਸਥਾ ਦੇ ਡਾਇਰੈਕਟਰ ਪ੍ਰੋ. ਬਿਨੋਦ ਕੁਮਾਰ ਕਨੌਜੀਆ ਨੇ ਵਰਕਸ਼ਾਪ ਦੀ ਕਾਮਯਾਬੀ ਲਈ ਆਪਣੀਆਂ ਸ਼ੁਭਕਾਮਨਾਵਾਂ ਦਿੱਤੀਆਂ। ਇਸ ਦਾ ਮੁੱਖ ਉਦੇਸ਼ ਭਾਗੀਦਾਰਾਂ ਦੇ ਗਿਆਨ ਵਿੱਚ ਵਾਧਾ ਕਰਨਾ ਅਤੇ ਬਾਇਓ-ਇੰਪਲਾਂਟਸ ਦੇ ਉਭਰਦੇ ਖੇਤਰ ਬਾਰੇ ਉਨ੍ਹਾਂ ਦੀ ਸਮਝ ਨੂੰ ਹੋਰ ਮਜ਼ਬੂਤ ਬਣਾਉਣਾ ਸੀ। ਇਸ ਮੌਕੇ ਮਾਹਿਰ ਬੁਲਾਰਿਆਂ, ਫੈਕਲਟੀ ਮੈਂਬਰ, ਖੋਜਾਰਥੀ ਅਤੇ ਵੱਖ-ਵੱਖ ਸੰਸਥਾਵਾਂ ਤੋਂ ਆਏ ਭਾਗੀਦਾਰ ਮੌਜੂਦ ਰਹੇ।

-------------------------------------------------

ਮੌਸਮ ਵਿਭਾਗ ਨੇ ਪੰਜਾਬ ਤੇ ਹਰਿਆਣਾ ਦੇ ਕੁਝ ਇਲਾਕਿਆਂ ਅਤੇ ਚੰਡੀਗੜ੍ਹ ਵਿੱਚ ਅੱਜ ਤੋਂ 9 ਜੁਲਾਈ ਤੱਕ ਭਾਰੀ ਮੀਂਹ ਪੈਣ ਬਾਰੇ ਯੈਲੋ ਅਲਰਟ ਜਾਰੀ ਕੀਤਾ ਏ। ਇਸ ਤੋਂ ਇਲਾਵਾ 11 ਅਤੇ 12 ਜੁਲਾਈ ਨੂੰ ਵੀ ਇਨ੍ਹਾਂ ਖੇਤਰਾਂ ਵਿੱਚ ਭਾਰੀ ਮੀਂਹ ਪੈਣ ਦੀ ਸੰਭਾਵਨਾ ਜਤਾਈ ਗਈ ਏ। ਇਸ ਦੌਰਾਨ ਜਲੰਧਰ ਸਮੇਤ ਕਈ ਥਾਵਾਂ 'ਤੇ ਦਰਮਿਆਨੀ ਬਾਰਿਸ਼ ਹੋਈ ਏ। ਪਿਛਲੇ 24 ਘੰਟਿਆਂ ਦੌਰਾਨ ਬਠਿੰਡਾ ਵਿੱਚ ਵੱਧ ਤੋਂ ਵੱਧ ਤਾਪਮਾਨ

39.1 ਡਿਗਰੀ ਸੈਲਸੀਅਸ ਦਰਜ ਕੀਤਾ ਗਿਆ, ਜਦਕਿ ਹਰਿਆਣਾ ਦੇ ਸਿਰਸਾ ਵਿੱਚ ਤਾਪਮਾਨ 38.6 ਡਿਗਰੀ ਸੈਲਸੀਅਸ ਰਿਹਾ। ਚੰਡੀਗੜ੍ਹ ਵਿੱਚ ਵੱਧ ਤੋਂ ਵੱਧ ਤਾਪਮਾਨ 35  ਡਿਗਰੀ ਸੈਲਸੀਅਸ ਦਰਜ ਕੀਤਾ ਗਿਆ।

ਅੱਜ ਸਵੇਰੇ ਦਰਜ ਕੀਤੇ ਗਏ ਘੱਟੋ-ਘੱਟ ਤਾਪਮਾਨ ਅਨੁਸਾਰ ਪਠਾਨਕੋਟ ਅਤੇ ਥੀਨ ਡੈਮ ਵਿੱਚ 24.3 ਡਿਗਰੀ ਸੈਲਸੀਅਸ, ਹਰਿਆਣਾ ਦੇ ਗੁਰੂਗ੍ਰਾਮ ਵਿੱਚ 25 ਡਿਗਰੀ ਸੈਲਸੀਅਸ ਅਤੇ ਚੰਡੀਗੜ੍ਹ ਵਿੱਚ 25.6 ਡਿਗਰੀ ਸੈਲਸੀਅਸ ਤਾਪਮਾਨ ਰਿਕਾਰਡ ਕੀਤਾ ਗਿਆ।

---------------------------------------------------------------

ਭਾਰਤੀ ਹਾਕੀ ਟੀਮ ਦੇ ਕਪਤਾਨ ਹਰਮਨਪ੍ਰੀਤ ਸਿੰਘ ਪਰਿਵਾਰ ਸਮੇਤ ਅੱਜ ਸਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਏ ਉਨ੍ਹਾਂ ਵਿਸ਼ਵ ਕੱਪ ਦੇ ਸਿਖਲਾਈ ਕੈਂਪ ਲਈ ਬੈਂਗਲੋਰ ਰਵਾਨਾ ਹੋਣ ਤੋਂ ਪਹਿਲਾਂ ਗੁਰੂ ਘਰ ਦਾ ਲਿਆ ਅਸ਼ੀਰਵਾਦ  ਲਿਆ। ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਹਰਮਨਪ੍ਰੀਤ ਸਿੰਘ ਨੇ ਕਿਹਾ।

BYTE

---------------------------------------------------------------

ਪੰਜਾਬ ਪੁਲਿਸ ਦੀ ਖਿਡਾਰਨ ਕੁਲਦੀਪ ਕੌਰ ਨੂੰ 9 ਤੋਂ 12 ਜੁਲਾਈ ਤੱਕ ਤਾਈਵਾਨ ਵਿੱਚ ਹੋਣ ਵਾਲੀ ਏਸ਼ੀਆ ਪੈਸੀਫਿਕ ਟਚਬਾਲ ਚੈਂਪੀਅਨਸ਼ਿਪ

ਲਈ ਭਾਰਤੀ ਮਹਿਲਾ ਟੀਮ ਦਾ ਕਪਤਾਨ ਨਿਯੁਕਤ ਕੀਤਾ ਗਿਆ ਏ । ਇਸੇ ਤਰ੍ਹਾਂ ਪੰਜਾਬ ਪੁਲਿਸ ਦੀ ਮਨਦੀਪ ਕੋਰ ਨੂੰ ਟੀਮ ਦਾ ਉਪ ਕਪਤਾਨ ਬਣਾਇਆ ਗਿਆ ਏ । ਇਸ ਕੋਮਾਂਤਰੀ ਚੈਂਪੀਅਨਸ਼ਿਪ ਵਿੱਚ ਭਾਰਤੀ ਟੀਮ ਦੇਸ਼ ਦੀ ਨੁਮਾਇੰਦਗੀ ਕਰੇਗੀ। ਭਾਰਤੀ ਟੀਮ ਵਿੱਚ ਕਰਿਸ਼ਮਾ ਰਾਠੋਰ, ਦਲਜੀਤ ਕੋਰ, ਸੋਨਮ ਕੁਮਾਰੀ, ਸਰਬਜੀਤ ਕੋਰ, ਜਗਰੂਪ ਕੋਰ, ਖੁਸ਼ਬੀਰ ਕੋਰ, ਮੰਜੂ ਗਿੱਲ, ਮੁਸਕਾਨ ਅਤੇ ਮਮਤਾ ਸਿੰਘ ਨੂੰ ਵੀ ਸ਼ਾਮਲ ਕੀਤਾ ਗਿਆ ਏ । ਇਸ ਮੌਕੇ 'ਤੇ ਇੰਡੀਅਨ ਟਚਬਾਲ ਫੈਡਰੇਸ਼ਨ ਦੇ ਪ੍ਰਧਾਨ ,ਏ.ਡੀ.ਜੀ.ਪੀ. ਐੱਮ. ਐੱਫ. ਫਾਰੂਕੀ, ਅਤੇ ਟੀਮ ਦੀ ਜਨਰਲ ਸਕੱਤਰ ਡਾ. ਰਸ਼ਮੀ ਵਿਜ ਨੇ ਸਮੂਹ ਖਿਡਾਰੀਆਂ ਨੂੰ ਚੈਂਪੀਅਨਸ਼ਿਪ ਲਈ ਸ਼ੁਭਕਾਮਨਾਵਾਂ ਦਿੱਤੀਆਂ ਅਤੇ ਸ਼ਾਨਦਾਰ ਪ੍ਰਦਰਸ਼ਨ ਕਰਕੇ ਦੇਸ਼ ਦਾ ਨਾਮ ਰੌਸ਼ਨ ਕਰਨ ਲਈ ਪ੍ਰੇਰਿਤ ਕੀਤਾ।

------------------------------------------------------------------------